# ਦਫਤਰ ਨਗਰ ਨਿਗਮ ਫਗਵਾੜਾ
## OFFICE OF THE MUNICIPAL CORPORATION PHAGWARA
TOWN HALL PARK, PHAGWARA-144401
Office: 01824-260426
Website: www.mcphagwara.co.in Email: cmcphagwara123@gmail.com


ਸੇਵਾ ਵਿਖੇ,

ਡਾਇਰੈਕਟਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
ਚੰਡੀਗੜ੍ਹ।

ਨੰਬਰ: 2474 ਮਿਤੀ: 17-08-2023

**ਵਿਸ਼ਾ:- ਕਮਿਸ਼ਨਰ, ਨਗਰ ਨਿਗਮ ਫਗਵਾੜਾ ਜੀ ਵੱਲੋਂ ਮਿਤੀ 16/08/2023 ਨੂੰ ਪਾਸ ਕੀਤੇ ਗਏ ਹੁਕਮਾਂ ਦੀ ਨਕਲ ਸੂਚਨਾ ਹਿੱਤ ਭੇਜਣ ਸਬੰਧੀ।**

ਉਪਰੋਕਤ ਵਿਸ਼ੇ ਸਬੰਧੀ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਜੀ ਵੱਲੋਂ ਪਾਸ ਕੀਤੇ ਗਏ ਹੁਕਮ ਨੰ: 61 ਮਿਤੀ 16/08/2023 ਦੀ ਨਕਲ ਆਪ ਜੀ ਨੂੰ ਸੂਚਨਾਂ ਅਤੇ ਅਗਲੇਰੀ ਕਾਰਵਾਈ ਹਿੱਤ ਭੇਜੀ ਜਾਂਦੀ ਹੈ ਜੀ।

ਨੱਥੀ:- ਉਕਤ ਅਨੁਸਾਰ

ਸੁਪਰਡੰਟ (ਅਜੰਡਾ),
ਨਗਰ ਨਿਗਮ, ਫਗਵਾੜਾ।

**ਪਿੱਠ ਅੰਕਣ ਨੰ:** 2475-2478 **ਮਿਤੀ:** 17-08-2023

ਉਪਰੋਕਤ ਦਾ ਇੱਕ ਉਤਾਰਾ:-

1. ਮਾਨਯੋਗ ਡਵੀਜ਼ਨਲ ਕਮਿਸ਼ਨਰ, ਜਲੰਧਰ ਮੰਡਲ, ਜਲੰਧਰ ਜੀ ਨੂੰ ਸੂਚਨਾਂ ਹਿੱਤ।
2. ਮਾਨਯੋਗ ਡਿਪਟੀ ਕਮਿਸ਼ਨਰ, ਕਪੂਰਥਲਾ ਜੀ ਨੂੰ ਸੂਚਨਾਂ ਹਿੱਤ।
3. ਮਾਨਯੋਗ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਜੀ ਨੂੰ ਸੂਚਨਾਂ ਹਿੱਤ।
4. ਸਬੰਧਤ ਅਧਿਕਾਰੀ ਨੂੰ ਸੂਚਨਾਂ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ (ਅਜੰਡਾ),
ਨਗਰ ਨਿਗਮ, ਫਗਵਾੜਾ।

ਦਫਤਰ ਨਗਰ ਨਿਗਮ ਫਗਵਾੜਾ
OFFICE OF THE MUNICIPAL CORPORATION PHAGWARA
TOWN HALL PARK, PHAGWARA-144401
Office: 01824-260426 Fax: 01824-223260
Website: www.mcphagwara.com Email: comm.mcpgr@punjab.gov.in

ਮਿਤੀ 16/08/2023 ਨੂੰ ਡਾ. ਨਯਨ ਪੀ.ਸੀ.ਐਸ. ਕਮਿਸ਼ਨਰ, ਨਗਰ ਨਿਗਮ, ਫਗਵਾੜਾ ਵੱਲੋ ਹੇਠ ਲਿਖੇ ਅਨੁਸਾਰ ਪ੍ਰਸ਼ਾਸਕੀ ਹੁਕਮ ਪਾਸ ਕੀਤੇ ਗਏ।

| ਲੜੀ ਨੰ. | ਮਤਾ ਨੰ. ਅਤੇ ਮਿਤੀ | ਮਤੇ ਦਾ ਵੇਰਵਾ | ਕਿਰਪਾ ਕਰਕੇ ਸੁਨਿਸ਼ਚਿਤ ਕੀਤਾ ਜਾਵੇ ਕਿ ਮਿਤੀ 10.10.2022 ਰਾਹੀਂ ਪਾਸ ਕੀਤੇ ਗਏ ਨਿਰਦੇਸ਼ ਦੇ ਕਿਸ ਪੁਆਇੰਟ ਤਹਿਤ ਇਹ ਮਤਾ ਦੀ ਤਜਵੀਜ ਕੀਤੀ ਗਈ ਹੈ। | ਕਮਿਸ਼ਨਰ/ਕਾਰਜ ਸਾਧਕ ਅਫਸਰ ਦੁਆਰਾ ਕੀਤੀ ਗਈ ਟਿੱਪਣੀ |
|---|---|---|---|---|
| 1 | 61<br>16/08/2023 | ਰਿਪੋਰਟ ਵੱਲੋਂ ਡੀ.ਸੀ.ਐੱਫ.ਏ. ਨਗਰ ਨਿਗਮ, ਫਗਵਾੜਾ ਕਿ ਸ੍ਰੀ ਬਲਬੀਰ ਸਿੰਘ, ਪੀ.ਏ. ਟੂ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਵਿਖੇ ਬਤੌਰ ਡੀ.ਸੀ. ਰੇਟ ਸੇਵਾ ਨਿਭਾ ਰਿਹਾ ਹੈ। ਇਸ ਅਧਿਕਾਰੀ ਵੱਲੋਂ ਆਪਣੀ ਵਿੱਦਿਅਕ ਯੋਗਤਾ ਵਿੱਚ ਵਾਧਾ ਕਰਦੇ ਹੋਏ ਪੋਸਟ ਗ੍ਰੈਜੂਏਸ਼ਨ (ਐੱਮ.ਏ. ਇੰਗਲਿਸ਼) ਦੀ ਡਿਗਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਤੋਂ ਸਾਲ 2023 ਨੂੰ ਪਾਸ ਕਰ ਲਈ ਹੈ। ਇਸ ਸਬੰਧੀ ਮਾਣਯੋਗ ਡਿਪਟੀ ਕਮਿਸ਼ਨਰ, ਕਪੂਰਥਲਾ ਵੱਲੋਂ ਮਿਤੀ 01-09-2022 ਤੋਂ ਫਿਕਸ ਕੀਤੇ ਗਏ ਡੀ.ਸੀ. ਰੇਟ ਅਨੁਸਾਰ ਉਹਨਾਂ ਦੇ ਪੱਤਰ ਪਿੱਠ ਅੰਕਣ ਨੰਬਰ 1698-1755 ਡੀ.ਐਨ ਮਿਤੀ 14/11/2022 ਰਾਹੀਂ ਉੱਚ-ਸਿੱਖਿਅਤ ਕਾਮਿਆਂ (ਭਾਵ ਪੋਸਟ ਗ੍ਰੈਜੂਏਟ) ਲਈ ਤਨਖਾਹ ਦੀ ਫਿਕਸਏਸ਼ਨ ਕਰਦੇ ਹੋਏ ਤਨਖਾਹ 15077.68/- ਰੁਪਏ ਨਿਰਧਾਰਿਤ ਕੀਤੀ ਹੈ। ਇਸ ਲਈ ਹੁਣ ਮਾਣਯੋਗ ਡਿਪਟੀ ਕਮਿਸ਼ਨਰ, ਕਪੂਰਥਲਾ ਜੀ ਦੇ ਉਕਤ ਹੁਕਮਾਂ ਅਨੁਸਾਰ ਸ੍ਰੀ ਬਲਬੀਰ ਸਿੰਘ, ਪੀ.ਏ. ਟੂ ਕਮਿਸ਼ਨਰ, (ਡੀ.ਸੀ. ਰੇਟ) ਨਗਰ ਨਿਗਮ, ਫਗਵਾੜਾ ਨੂੰ ਉਹਨਾਂ ਦੀ ਡਿਗਰੀ (ਭਾਵ ਪੋਸਟ ਗ੍ਰੈਜੂਏਸ਼ਨ) ਮੁਤਾਬਕ ਉਹਨਾਂ ਦੀ ਤਨਖਾਹ 13407.68/- ਰੁਪਏ ਤੋਂ 15077.68/- ਰੁਪਏ ਪ੍ਰਵਾਨ ਕਰਨ ਲਈ ਮਤਾ ਪਾਉਣ ਹਿੱਤ ਰਿਪੋਰਟ ਪੇਸ਼ ਹੈ। ਇੱਥੇ ਇਹ ਦੱਸਣਯੋਗ ਹੈ ਕਿ ਸਥਾਨਕ ਸਰਕਾਰ ਵਿਭਾਗ, ਪੰਜਾਬ ਵੱਲੋ ਜਾਰੀ ਨੋਟੀਫਿਕੇਸ਼ਨ ਨੰ: 5/71/2017/MEO/DA/334 ਮਿਤੀ 23/03/2020 ਰਾਹੀਂ ਹਾਉਸ ਦੀਆਂ ਸਾਰੀਆਂ ਸ਼ਕਤੀਆਂ ਕਮਿਸ਼ਨਰ ਨਗਰ ਨਿਗਮ ਜੀ ਨੂੰ ਦਿੱਤੀਆਂ ਗਈਆਂ ਹਨ। ਉਕਤ ਸਬੰਧੀ ਮਤਾ ਪ੍ਰਸ਼ਾਸਕੀ ਪ੍ਰਵਾਨਗੀ ਹਿੱਤ ਪੇਸ਼ ਹੈ ਜੀ। | ------ | ਸੂਚਨਾ ਹਿੱਤ। |

ਤਸਦੀਕੀ ਕਾਪੀ

ਸੁਪਰਡੰਟ (ਅਜੰਡਾ),
ਨਗਰ ਨਿਗਮ, ਫਗਵਾੜਾ।